# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਨਗਰ ਨਿਗਮ ਦੀ ਤਹਿਬਜਾਰੀ ਟੀਮ ਵੱਲੋਂ ਨਜਾਇਜ ਕਬਜੇ ਹਟਾਉਣ ਦੀ ਮੁਹਿੰਮ ਜਾਰੀ.....ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 24 ਮਾਰਚ– ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਸਪੈਕਟਰ ਸੰਜੀਵ ਅਰੋੜਾ ਦੀ ਅਗਵਾਈ ਵਿਚ ਭੇਜੀ ਗਈ ਤਹਿਬਜਾਰੀ ਟੀਮ ਜਿਸ ਵਿੱਚ ਅਮਿਤ ਕੁਮਾਰ, ਸੰਨੀ, ਮੁਕੇਸ਼, ਸੁਮਿਤ ਕੁਮਾਰ ਅਤੇ ਗਨੇਸ਼ ਸ਼ਾਮਲ ਹਨ ਵਲੋਂ ਸ਼ਹਿਰ ਦੇ ਵੱਖ ਵੱਖ ਬਜਾਰਾਂ ਬਸੀ ਖਵਾਜੂ, ਰੋਸ਼ਨ ਰੋਡ ਅਤੇ ਬੱਸ ਸਟੈਂਡ ਦੇ ਨਜਦੀਕ ਦੁਕਾਨਦਾਰਾਂ ਵਲੋਂ ਸੜਕਾਂ ਤੇ ਰੱਖੇ ਗਏ ਸਮਾਨ ਨੂੰ ਕਬਜੇ ਵਿਚ ਲਿਆ ਅਤੇ ਦੁਕਾਨਦਾਰਾਂ, ਫੜੀ ਅਤੇ ਰੇਹੜੀ ਵਾਲਿਆਂ ਨੂੰ ਆਪਣਾ ਸਮਾਨ ਨਗਰ ਨਿਗਮ ਦੀ ਜਗਾ ਤੇ ਨਾ ਰੱਖਣ ਸਬੰਧੀ ਸਖਤ ਹਦਾਇਤ ਕੀਤੀ।

ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦੱਸਿਆ ਕਿ ਸ਼ਹਿਰ ਵਿਚ ਹੋ ਰਹੀ ਟਰੈਫਿਕ ਦੀ ਸਮੱਸਿਆ ਨੂੰ ਘਟਾਉਣ ਲਈ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਦੀ ਮੁਹਿੰਮ ਚਲਾਈ ਗਈ ਹੈ ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਉਹਨਾਂ ਦੱਸਿਆ ਕਿ ਨਗਰ ਨਿਗਮ ਦੀ ਜਗ੍ਹਾਂ ਤੇ ਨਜਾਇਜ਼ ਤੌਰ ਤੇ ਕਬਜਾ ਕਰਨ ਵਾਲੇ ਦੁਕਾਨਦਾਰਾਂ ਦੇ ਚਲਾਨ ਕੱਟ ਕੇ ਭਾਰੀ ਜੁਰਮਾਨੇ ਕੀਤੇ ਜਾਣਗੇ।